# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ : 01-10-2025**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅੱਜ ਨਵੀਂ ਦਿੱਲੀ ਵਿੱਚ ਰਾਸ਼ਟਰੀ ਸਵੈ ਸੇਵਕ ਸੰਘ ਦੇ ਸ਼ਤਾਬਦੀ ਸਮਾਰੋਹਾਂ ਵਿਚ ਹਿੱਸਾ ਲਿਆ । ਸ਼ਤਾਬਦੀ ਸਮਾਰੋਹ ਆਰ.ਐਸ.ਐਸ. ਦੀ ਵਿਰਾਸਤ, ਇਸ ਦੇ ਸੱਭਿਆਚਾਰਕ ਯੋਗਦਾਨ ਤੇ ਦੇਸ਼ ਦੀ ਏਕਤਾ ਵਿਚ ਇਸ ਦੀ ਭੂਮਿਕਾ ਨੂੰ ਉਜਾਗਰ ਕਰਦੇ ਨੇ। ਇਕੱਠ ਨੂੰ ਸੰਬੋਧਨ ਕਰਦੇ ਹੋਏ ਪ੍ਰਧਾਨ ਮੰਤਰੀ ਨੇ ਕਿਹਾ ਕਿ ਆਰ.ਐਸ.ਐਸ. ਰਾਸ਼ਟਰ ਨਿਰਮਾਣ ਲਈ ਕੰਮ ਕਰ ਰਿਹਾ ਏ । ਉਨ੍ਹਾਂ ਕਿਹਾ 100 ਸਾਲ ਪਹਿਲਾਂ ਇਸ ਮਹਾਨ ਦਿਨ 'ਤੇ ਇਕ ਸੰਗਠਨ ਦੇ ਰੂਪ ਵਿਚ ਆਰ.ਐਸ.ਐਸ. ਦੀ ਸਥਾਪਨਾ ਸਿਰਫ਼ ਇਕ ਸੰਜੋਗ ਨਹੀਂ , ਸਗੋਂ ਇਹ ਇਕ ਪਰੰਪਰਾ ਦਾ ਮੁੜ ਉਭਾਰ ਸੀ । ਇਸ ਮੌਕੇ ਪ੍ਰਧਾਨ ਮੰਤਰੀ ਨੇ ਰਾਸ਼ਟਰ ਲਈ ਆਰ.ਐਸ.ਐਸ. ਦੇ ਯੋਗਦਾਨ ਨੂੰ ਉਜਾਗਰ ਕਰਦੇ ਵਿਸ਼ੇਸ਼ ਤੌਰ 'ਤੇ ਤਿਆਰ ਯਾਦਗਾਰੀ ਡਾਕ ਟਿਕਟ ਤੇ ਸਿੱਕਾ ਵੀ ਜਾਰੀ ਕੀਤਾ ।

---

ਕੇਂਦਰੀ ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਕਿਹਾ ਏ ਕਿ ਨਰੇਂਦਰ ਮੋਦੀ ਸਰਕਾਰ ਪੰਜਾਬ ਦੇ ਲੋਕਾਂ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੀ ਏ ਤੇ ਸੂਬੇ ਦੇ ਹੜ੍ਹ ਪ੍ਰਭਾਵਿਤ ਲੋਕਾਂ ਨੂੰ ਹਰ ਸੰਭਵ ਮਦਦ ਪ੍ਰਦਾਨ ਕਰਨ ਲਈ ਵਚਨਬੱਧ ਏ । ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕੱਲ੍ਹ ਸ਼ਾਮ ਨਵੀਂ ਦਿੱਲੀ ਵਿਚ ਸ੍ਰੀ ਸ਼ਾਹ ਨਾਲ ਮੁਲਾਕਾਤ ਕੀਤੀ ਤੇ ਉਨ੍ਹਾਂ ਨੂੰ ਹੜ੍ਹਾਂ ਤੋਂ ਬਾਅਦ ਸੂਬੇ ਵਿਚ ਹੋਏ ਨੁਕਸਾਨ ਤੋਂ ਜਾਣੂ ਕਰਵਾਇਆ। ਉਨ੍ਹਾਂ ਆਫ਼ਤ ਰਾਹਤ ਤੇ ਬਹਾਲੀ ਲਈ ਸੂਬੇ ਲਈ ਵਾਧੂ ਫੰਡਾਂ ਦੀ ਮੰਗ ਵੀ ਕੀਤੀ। ਮੀਟਿੰਗ ਦੌਰਾਨ ਮੁੱਖ ਮੰਤਰੀ ਨੂੰ ਦੱਸਿਆ ਗਿਆ ਕਿ ਆਫਤਾਂ ਸਮੇਂ ਪ੍ਰਤੀਕਰਮ ਬਾਰੇ ਰਾਜ ਦੇ ਫੰਡ (SDRF) ਵਿਚ, ਸੂਬੇ ਕੋਲ 12 ਹਜ਼ਾਰ 589 ਕਰੋੜ ਰੁਪਏ ਤੋਂ ਵੱਧ ਦੇ ਫੰਡ ਨੇ, ਜਿਨ੍ਹਾਂ ਦੀ ਵਰਤੋਂ ਭਾਰਤ ਸਰਕਾਰ ਦੇ ਨੇਮਾਂ ਮੁਤਾਬਿਕ ਪ੍ਰਭਾਵਿਤ ਲੋਕਾਂ ਨੂੰ ਰਾਹਤ ਤੇ ਤੁਰੰਤ ਬਹਾਲੀ ਲਈ ਕੀਤੀ ਜਾ ਸਕਦੀ ਏ . ਗ੍ਰਿਹ ਮੰਤਰਾਲੇ ਨੇ ਇਕ ਬਿਆਨ ਵਿਚ ਕਿਹਾ ਏ ਕਿ ਕੇਂਦਰ ਸਰਕਾਰ ਨੇ ਸੂਬੇ ਵਿੱਚ ਹੜ੍ਹਾਂ ਦੌਰਾਨ ਖੋਜ, ਬਚਾਅ ਤੇ ਤੁਰੰਤ ਮੁੜ੍ਹ ਬਹਾਲੀ ਲਈ ਸੂਬਾ ਪ੍ਰਸ਼ਾਸਨ ਨੂੰ ਕੇਂਦਰੀ ਏਜੰਸੀਆਂ ਤੋਂ ਹਰ ਸੰਭਵ ਸਹਾਇਤਾ ਪ੍ਰਦਾਨ ਕੀਤੀ ਏ । ਮੰਤਰਾਲੇ ਨੇ ਅੱਗੇ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ 9 ਸਤੰਬਰ ਨੂੰ ਪੰਜਾਬ ਦਾ ਦੌਰਾ ਕੀਤਾ ਸੀ ਤੇ ਸੂਬੇ ਵਿਚ ਹੜ੍ਹ ਦੀ ਸਥਿਤੀ ਤੇ ਹੋਏ ਨੁਕਸਾਨ ਦਾ

ਜਾਇਜ਼ਾ ਲਿਆ ਸੀ। ਮੰਤਰਾਲੇ ਨੇ ਕਿਹਾ ਕਿ ਪ੍ਰਧਾਨ ਮੰਤਰੀ ਵਲੋਂ ਐਲਾਨੀ ਗਈ 1600 ਕਰੋੜ ਰੁਪਏ ਦੀ ਮਾਲੀ ਸਹਾਇਤਾ ਵਿਚੋਂ, 805 ਕਰੋੜ ਰੁਪਏ ਪਹਿਲਾਂ ਹੀ ਰਾਜ ਸਰਕਾਰ ਤੇ ਲਾਭਪਾਤਰੀਆਂ ਨੂੰ ਜਾਰੀ ਕੀਤੇ ਜਾ ਚੁੱਕੇ ਨੇ. ਬਾਕੀ ਰਕਮ ਰਾਜ ਤੋਂ ਸੰਬੰਧਿਤ ਜਾਣਕਾਰੀ ਪ੍ਰਾਪਤ ਹੋਣ 'ਤੇ ਜਾਰੀ ਕੀਤੀ ਜਾਵੇਗੀ।

-----------------------------------------------------------------------------------

ਕੇਂਦਰੀ ਰਾਜ ਮੰਤਰੀ ਅਜੇ ਟਮਟਾ ਨੇ ਤਰਨ ਤਾਰਨ ਦੇ ਹੜ੍ਹ ਪ੍ਰਭਾਵਿਤ ਪਿੰਡਾਂ ਦਾ ਦੌਰਾ ਕਰਦਿਆਂ ਲੋਕਾਂ ਨੂੰ ਵਿਸ਼ਵਾਸ ਦਿਵਾਇਆ ਏ ਕਿ ਕੇਂਦਰ ਸਰਕਾਰ ਉਨਾਂ ਦੇ ਪੁਨਰਵਾਸ ਲਈ ਉਪਰਾਲੇ ਕਰ ਰਹੀ ਏ। ਵਿਧਾਨ ਸਭਾ ਹਲਕਾ ਤਰਨ ਤਾਰਨ ਤੋਂ ਬੀਜੇਪੀ ਉਮੀਦਵਾਰ ਹਰਜੀਤ ਸੰਧੂ ਨਾਲ ਮਿਲ ਕੇ ਕਿਸਾਨਾਂ ਨਾਲ ਚਰਚਾ ਕਰਦੇ ਹੋਏ ਉਨਾਂ ਕਿਹਾ ਕਿ ਕੇਂਦਰ ਸਰਕਾਰ ਵਲੋਂ ਪੰਜਾਬ ਨੂੰ ਕਰੋੜਾਂ ਦੇ ਫੰਡ ਮੁਹਈਆ ਕਰਵਾਏ ਜਾਂਦੇ ਨੇ, ਪਰ ਪੰਜਾਬ ਸਰਕਾਰ ਦੀ ਗੈਰ ਜਿੰਮੇਵਾਰੀ ਕਾਰਨ ਇਹਨਾਂ ਫੰਡਾਂ ਦਾ ਸਹੀ ਉਪਯੋਗ ਨਹੀਂ ਹੋ ਪਾ ਰਿਹਾ। ਕੇਂਦਰੀ ਮੰਤਰੀ ਨੇ ਕਿਹਾ ਕਿ ਆਉਣ ਵਾਲੇ ਸਮੇਂ ਚ ਵੀ ਕੇਂਦਰ ਸਰਕਾਰ ਪੰਜਾਬ ਨੂੰ ਵੱਡਾ ਪੈਕਜ ਦੇਣ ਲਈ ਤਿਆਰ ਏ, ਪਰ ਪੰਜਾਬ ਸਰਕਾਰ ਨੂੰ ਇਸ ਪੈਸੇ ਦੀ

ਜ਼ਿੰਮੇਵਾਰੀ ਨਾਲ ਵਰਤੇ ਕਰਨੀ ਪਏਗੀ । ਉਨਾਂ ਕਿਹਾ ਕਿ ਮੋਦੀ ਸਰਕਾਰ ਕਿਸਾਨਾਂ ਦਾ ਹਰ ਮੁਸ਼ਕਿਲ ਚ ਸਾਥ ਦੇ ਰਹੀ ਏ।

-----------------------------------------------------------------------------

ਪੰਜਾਬ ਦੇ ਭੂਮੀ ਤੇ ਜਲ ਸੰਭਾਲ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਏ ਕਿ ਪੰਜਾਬ ਦੇ ਤੇਜ਼ੀ ਨਾਲ ਘੱਟ ਰਹੇ ਜ਼ਮੀਨਦੋਜ਼ ਪਾਣੀ ਦੇ ਸਰੋਤਾਂ ਨੂੰ ਬਚਾਉਣ ਲਈ, ਸੂਖਮ ਸਿੰਚਾਈ ਪ੍ਰਣਾਲੀਆਂ ਨੂੰ ਉਤਸ਼ਾਹਿਤ ਕਰਨਾ ਸਮੇਂ ਦੀ ਲੋੜ ਹੈ । ਇਹ ਤਕਨੀਕ ਨਾ ਸਿਰਫ਼ ਫਸਲਾਂ ਦੀ ਉਤਪਾਦਕਤਾ ਨੂੰ ਵਧਾਏਗੀ ਬਲਕਿ ਪਾਣੀ ਦੀ ਸਮਝਦਾਰੀ ਨਾਲ ਵਰਤੋਂ ਨੂੰ ਵੀ ਯਕੀਨੀ ਬਣਾਏਗੀ। ਇਹ ਵਿਧੀ ਆਲੂ ਦੀ ਕਾਸ਼ਤ ਵਿਚ ਵਿਸ਼ੇਸ਼ ਤੌਰ 'ਤੇ ਮਦਦਗਾਰ ਏ ਕਿਉਂਕਿ ਸੂਬਾ ਦੇਸ਼ ਵਿਚ ਆਪਣੇ ਵਧੀਆ ਗੁਣਵੱਤਾ ਵਾਲੇ ਬੀਜ ਆਲੂਆਂ ਦੇ ਉਤਪਾਦਨ ਦਾ ਲਗਭਗ 60 ਪ੍ਰਤੀਸ਼ਤ ਯੋਗਦਾਨ ਪਾਉਂਦਾ ਏ । ਮੋਹਾਲੀ ਵਿਖੇ ਭੂਮੀ ਸੰਭਾਲ ਕੰਪਲੈਕਸ ਵਿਖੇ ਆਲੂ ਦੀ ਕਾਸ਼ਤ ਵਿਚ ਸੂਖਮ ਸਿੰਚਾਈ ਨੂੰ ਉਤਸ਼ਾਹਿਤ ਕਰਨ ਬਾਰੇ ਇਕ ਰੋਜ਼ਾ ਵਰਕਸ਼ਾਪ ਨੂੰ ਸੰਬੋਧਨ ਕਰਦਿਆਂ ਉਹਨਾਂ ਕਿਹਾ..

Byte

ਉਨ੍ਹਾਂ ਕਿਹਾ ਕਿ ਇਨ੍ਹਾਂ ਪ੍ਰਣਾਲੀਆਂ ਨੂੰ ਅਪਣਾਉਣ ਨਾਲ ਕਿਸਾਨਾਂ ਨੂੰ ਪ੍ਰਤੀ ਏਕੜ ਝਾੜ ਤੇ ਉਪਜ ਦੀ ਗੁਣਵੱਤਾ ਵਿਚ ਸੁਧਾਰ  ਦੇ ਨਾਲ-ਨਾਲ

50% ਤੱਕ ਪਾਣੀ ਦੀ ਬਚਤ ਹੁੰਦੀ ਏ। ਪੰਜਾਬ ਰਾਜ ਇਸ ਪ੍ਰਣਾਲੀ ਨੂੰ ਸਥਾਪਤ ਕਰਨ ਲਈ ਆਮ ਸ਼੍ਰੇਣੀ ਲਈ 80 ਪ੍ਰਤੀਸ਼ਤ ਸਬਸਿਡੀ ਪ੍ਰਦਾਨ ਕਰਦਾ ਏ  ਜਦਕਿ ਔਰਤਾਂ, ਛੋਟੇ, ਸੀਮਾਂਤ ਤੇ ਅਨੁਸੂਚਿਤ ਜਾਤੀ ਦੇ ਕਿਸਾਨਾਂ ਲਈ 90 ਪ੍ਰਤੀਸ਼ਤ ਸਬਸਿਡੀ ਪ੍ਰਦਾਨ ਕਰਦਾ ਏ।

-----------------------------------------------------------------------------

ਤਿਉਹਾਰਾਂ ਦੇ ਮੱਦੇਨਜ਼ਰ ਯਾਤਰੀਆਂ ਨੂੰ ਵੱਡੀ ਰਾਹਤ ਦਿੰਦੇ ਹੋਏ ਉੱਤਰੀ ਰੇਲਵੇ ਨੇ ਕੱਲ੍ਹ ਤੋਂ ਇਸ ਮਹੀਨੇ ਦੀ 8 ਤਰੀਕ ਤੱਕ ਜੰਮੂ ਤੋਂ 16 ਰੇਲਗੱਡੀਆਂ ਮੁੜ ਸ਼ੁਰੂ ਕਰਨ ਦਾ ਐਲਾਨ ਕੀਤਾ ਏ। ਇਸ ਸਾਲ ਅਗਸਤ ਵਿਚ ਆਏ ਭਿਆਨਕ ਹੜ੍ਹਾਂ ਕਾਰਨ ਕਈ ਪ੍ਰਮੁੱਖ ਰੂਟਾਂ 'ਤੇ ਵਿਘਨ ਪੈਣ ਤੋਂ ਬਾਅਦ ਇਨ੍ਹਾਂ ਰੇਲ ਗੱਡੀਆਂ ਨੂੰ ਮੁਅੱਤਲ ਕਰ ਦਿੱਤਾ ਗਿਆ ਸੀ। ਨੁਕਸਾਨੇ ਗਏ ਪੁਲਾਂ ਦੀ ਮੁਰੰਮਤ ਦਾ ਕੰਮ ਹੁਣ ਪੂਰਾ ਹੋ ਗਿਆ ਹੈ, ਜਿਸ ਨਾਲ ਸੁਰੱਖਿਅਤ ਰੇਲ ਆਵਾਜਾਈ ਸੰਭਵ ਹੋ ਸਕੀ ਏ। ਬਹਾਲ ਕੀਤੀਆਂ ਜਾ ਰਹੀਆਂ ਸੇਵਾਵਾਂ ਵਿਚ ਜੰਮੂ ਤਵੀ-ਕਾਨਪੁਰ ਸੈਂਟਰਲ, ਜੰਮੂ ਤਵੀ-ਬਰੌਣੀ ਤੇ ਜੰਮੂ ਤਵੀ-ਗੁਹਾਟੀ ਅਮਰਨਾਥ, ਜੰਮੂ ਤਵੀ-ਗੋਰਖਪੁਰ, ਜੰਮੂ ਤਵੀ-ਯੋਗਨਗਰੀ ਰਿਸ਼ੀਕੇਸ਼, ਜੰਮੂ ਤਵੀ-ਸਿਆਲਦਾਹ ਤੇ ਜੰਮੂ ਤਵੀ-ਭਾਗਲਪੁਰ ਸ਼ਾਮਲ ਨੇ।

---------------------------------------------------------------------------------

ਚੋਣ ਕਮਿਸਨ ਵਲੋਂ ਤਰਨ ਤਾਰਨ ਵਿਧਾਨ ਸਭਾ ਹਲਕੇ ਵਿਚ ਆਉਂਦੀ ਜ਼ਿਮਨੀ ਚੋਣ ਦੇ ਮੱਦੇਨਜ਼ਰ ਵਿਸੇਸ ਸੰਖੇਪ ਸੋਧ ਮਗਰੋਂ ਅੰਤਿਮ ਵੋਟਰ ਸੂਚੀ ਪ੍ਰਕਾਸ਼ਿਤ ਕੀਤੀ ਗਈ ਏ। ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਵਲੋਂ ਬੁਲਾਈ ਗਈ ਮੀਟਿੰਗ ਵਿਚ ਮਾਨਤਾ ਪ੍ਰਾਪਤ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਅੰਤਿਮ ਵੋਟਰ ਸੂਚੀ ਦੀਆਂ ਕਾਪੀਆਂ ਵੀ ਸੌਂਪੀਆਂ ਗਈਆਂ । ਸੋਧੀ ਗਈ ਸੂਚੀ ਮੁਤਾਬਕ ਤਰਨ ਤਾਰਨ ਹਲਕੇ ਵਿੱਚ ਵੋਟਰਾਂ ਦੀ ਕੁੱਲ ਗਿਣਤੀ 1 ਲੱਖ 93 ਹਜ਼ਾਰ,742 ਏ , ਜਿਸ ਵਿਚ 1 ਲੱਖ 1 ਹਜ਼ਾਰ 494 ਪੁਰਸ ਵੋਟਰ ਤੇ 92 ਹਜ਼ਾਰ 240 ਮਹਿਲਾ ਵੋਟਰ ਸਾਮਲ ਨੇ ।

---------------------------------------------------------------------------------